ੴ ਵਾਹਿਗੁਰੂ ਜੀ ਕੀ ਫ਼ਤਹ ॥

ਸ੍ਰੀ ਅਕਾਲ ਤਖ਼ਤ ਸਾਹਿਬ

ਸ੍ਰੀ ਅੰਮ੍ਰਿਤਸਰ ਸਾਹਿਬ

Sri Akal Takhat Sahib, Sri Amritsar Sahib

ਨੰਬਰ ਅ:3/੧੭੮ ਮਿਤੀ ੧੯/੧੦/੨੦੨੩

ਹੁਕਮਨਾਮਾ

ਅੱਜ ਮਿਤੀ ੩੦ ਅੱਸੂ ਨਾਨਕਸ਼ਾਹੀ ਸੰਮਤ ੫੫੫ ਮੁਤਾਬਿਕ ੧੯ ਅਕਤੂਬਰ ੨੦੨੩ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿਚ ਸੰਗਤਾਂ ਵੱਲੋਂ ਪੁੱਜੀਆਂ ਸ਼ਿਕਾਇਤਾਂ ਅਨੁਸਾਰ ਕੁਝ ਵਿਅਕਤੀ ਮਰਯਾਦਾ ਦੀ ਉਲੰਘਣਾ ਕਰਦਿਆ ਸਮੁੰਦਰਾਂ ਦੇ ਕੰਢੇ ਬੀਚਾਂ/ਰਿਜ਼ੋਰਟਾਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਕੇ ਅਨੰਦ ਕਾਰਜ (ਵਿਆਹ) ਕਰਨ ਸਬੰਧੀ ਕੇਸ ਵਿਚਾਰਿਆ ਗਿਆ। ਜਿਸ 'ਤੇ ਪੰਜ ਸਿੰਘ ਸਾਹਿਬਾਨ ਨੇ ਫੈਸਲਾ ਕਰਕੇ ਸਮੁੰਦਰਾਂ ਦੇ ਕੰਢੇ ਬੀਚਾਂ, ਰਿਜ਼ੋਰਟਾਂ ਆਦਿ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਕੇ ਅਨੰਦ ਕਾਰਜ (ਡੈਸਟੀਨੇਸ਼ਨ ਵੈਡਿੰਗ) ਕਰਨ 'ਤੇ ਰੋਕ ਲਗਾਈ ਹੈ।

(ਹਰਪ੍ਰੀਤ ਸਿੰਘ)
ਜਥੇਦਾਰ,
ਤਖ਼ਤ ਸ੍ਰੀ ਦਮਦਮਾ ਸਾਹਿਬ,
ਤਲਵੰਡੀ ਸਾਬੋ, ਬਠਿੰਡਾ।

(ਰਘਬੀਰ ਸਿੰਘ)
ਜਥੇਦਾਰ,
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

(ਸੁਲਤਾਨ ਸਿੰਘ)
ਜਥੇਦਾਰ,
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,
ਸ੍ਰੀ ਅਨੰਦਪੁਰ ਸਾਹਿਬ, ਰੋਪੜ।

(ਗੁਰਦਿਆਲ ਸਿੰਘ)
ਐਡੀ. ਹੈੱਡ ਗ੍ਰੰਥੀ,
ਤਖ਼ਤ ਸ੍ਰੀ ਹਰਿਮੰਦਰ ਜੀ,
ਪਟਨਾ ਸਾਹਿਬ, ਬਿਹਾਰ।

(ਗੁਰਮਿੰਦਰ ਸਿੰਘ)
ਗ੍ਰੰਥੀ,
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

Phone/Fax : 0183-2540820 | E-Mail : akaltakhatsahib84@gmail.com